# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-06-2026**

ਭਾਰਤ ਦੀ ਮਰਦਮਸ਼ੁਮਾਰੀ 2027 ਤਹਿਤ ਘਰਾਂ ਨੂੰ ਸੂਚੀਬੱਧ ਕਰਨ ਅਤੇ ਰਿਹਾਇਸ਼ੀ ਮਰਦਮਸ਼ੁਮਾਰੀ ਦਾ ਕਾਰਜ ਸਫਲਤਾਪੂਰਵਕ ਮੁਕੰਮਲ ਕਰ ਲਿਆ ਗਿਆ ਏ। ਮੁੱਖ ਮਦਰਮਸ਼ੁਮਾਰੀ ਅਧਿਕਾਰੀ ਅਤੇ ਸੰਚਾਲਨ ਨਿਰਦੇਸ਼ਕ ਡਾ. ਨਵਜੋਤ ਖੋਸਾ ਨੇ ਦੱਸਿਆ ਕਿ ਪਹਿਲੇ ਪੜਾਅ ਦਾ ਕਾਰਜ ਪੰਜਾਬ ਦੇ 23 ਜ਼ਿਲ੍ਹਿਆਂ ਅਤੇ 14 ਨਗਰ ਨਿਗਮਾਂ ਵਿੱਚ ਪੂਰਾ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਕੁੱਲ 52 ਹਜਾਰ 564 ਘਰ ਸੂਚੀਕਰਨ ਬਲਾਕ ਬਣਾਏ ਗਏ ਸਨ। ਉਨ੍ਹਾਂ ਕਿਹਾ ਕਿ ਰਿਹਾਇਸ਼ੀ ਹਾਲਾਤ ਅਤੇ ਘਰੇਲੂ ਸਹੂਲਤਾਂ ਬਾਰੇ ਵੱਡੇ ਪੱਧਰ ਤੇ ਅੰਕੜੇ ਤਿਆਰ ਕਰਨ ਤੋਂ ਇਲਾਵਾ, ਹਾਊਸ ਲਿਸਟਿੰਗ ਆਪ੍ਰੇਸ਼ਨ ਨੇ 2027 ਦੀ ਮਰਦਮਸ਼ੁਮਾਰੀ ਤੋਂ ਬਾਅਦ ਅਗਲੇ ਕਾਰਜ ਲਈ ਜ਼ਰੂਰੀ ਢਾਂਚਾ ਤਿਆਰ ਕੀਤਾ ਏ। ਇਹ ਦੇਸ਼ ਵਿੱਚ 16ਵੀਂ ਮਰਦਮਸ਼ੁਮਾਰੀ 2027 ਅਤੇ ਆਜ਼ਾਦੀ ਤੋਂ ਬਾਅਦ 8ਵੀਂ ਮਰਦਮਸ਼ੁਮਾਰੀ ਗਿਣੀ ਜਾਵਗੀ। ਡਾ. ਖੋਸਾ ਨੇ ਇਸ

ਕੌਮੀ ਪੱਧਰ 'ਤੇ ਮਹੱਤਵਪੂਰਨ ਅਭਿਆਸ ਵਿੱਚ ਪੂਰੇ ਸਹਿਯੋਗ ਅਤੇ ਸਰਗਰਮ ਹਿੱਸੇਦਾਰੀ ਲਈ ਸੂਬੇ ਦੇ ਬਾਸ਼ਿੰਦਿਆਂ ਦਾ ਧੰਨਵਾਦ ਕੀਤਾ ਏ।

--------------------------------------------------------------------

ਪੰਜਾਬ ਸਰਕਾਰ ਨੇ ਵਪਾਰੀਆਂ, ਦੁਕਾਨਦਾਰਾਂ ਅਤੇ ਕਾਰੋਬਾਰੀ ਮਾਲਕਾਂ ਦੀਆਂ ਚਿੰਤਾਵਾਂ ਨੂੰ ਗੱਲਬਾਤ ਅਤੇ ਜਵਾਬਦੇਹ ਸ਼ਾਸਨ ਰਾਹੀਂ ਹੱਲ ਕਰਨ ਦਾ ਭਰੋਸਾ ਦਿੱਤਾ ਏ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ੍ਹ ਜਲੰਧਰ ਵਿੱਚ ਪੰਜਾਬ ਰਾਜ ਵਪਾਰ ਕਮਿਸ਼ਨ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਕਿ ਵਪਾਰੀ ਭਾਈਚਾਰੇ ਨੂੰ ਦਰਪੇਸ਼ ਛੋਟੀਆਂ ਸਮੱਸਿਆਵਾਂ ਨੂੰ ਵੀ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕੀਤਾ ਜਾਵੇਗਾ। ਮੁੱਖ ਮੰਤਰੀ ਕਿਹਾ ਕਿ ਉਹ ਨੌਕਰੀ ਲੱਭਣ ਵਾਲੇ ਨਹੀਂ ਸਗੋਂ ਨੌਕਰੀ ਦੇਣ ਵਾਲੇ ਬਣਨ ਜੋ ਆਰਥਿਕ ਵਿਕਾਸ ਨੂੰ ਅੱਗੇ ਵਧਾਉਂਦੇ ਹੋਏ ਹਜ਼ਾਰਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ । ਸ੍ਰੀ ਮਾਨ ਦੇ ਨਾਲ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਸਨ ਜਿਨ੍ਹਾਂ ਨੇ ਛੋਟੇ ਵਪਾਰੀਆਂ ਨੂੰ ਅਰਥ-ਵਿਵਸਥਾ ਦੀ ਰੀੜ੍ਹ ਦੱਸਿਆ। ਮੁੱਖ ਮੰਤਰੀ

ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਵੀ ਚਾਨਣਾ ਪਾਇਆ। ਦੋਵਾਂ ਆਗੂਆਂ ਨੇ ਜਲੰਧਰ ਦੇ ਇੱਕ ਸਕੂਲ ਗਰਾਊਂਡ ਵਿੱਚ ਭਗਵਾਨ ਪਰਸ਼ੂਰਾਮ ਜਯੰਤੀ ਦੇ ਰਾਜ ਪੱਧਰੀ ਜਸ਼ਨ ਵਿੱਚ ਵੀ ਹਿੱਸਾ ਲਿਆ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਹਵਾਲਾ ਦਿੰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਇਹ ਯੋਜਨਾ  ਹੁਣ ਪਹਿਲਾਂ ਨਿਰਧਾਰਤ ਸਥਾਨਾਂ ਤੋਂ ਇਲਾਵਾ ਹਰਿਦੁਆਰ, ਸ਼੍ਰੀ ਖਾਟੂ ਸ਼ਿਆਮ ਜੀ ਮਹਾਰਾਜ, ਸਾਲਾਸਰ ਬਾਲਾਜੀ ਧਾਮ ਅਤੇ ਕਈ ਹੋਰ ਸਤਿਕਾਰਯੋਗ ਧਾਰਮਿਕ ਸਥਾਨਾਂ ਦੀ ਮੁਫਤ ਯਾਤਰਾ ਦੀ ਸਹੂਲਤ ਦੇਵੇਗੀ।

-----------------------------------------------------------------------------

ਕੱਲ੍ਹ ਗੁਰਦਾਸਪੁਰ ਦੀਆਂ ਤਿੰਨ ਮਿਊਨਿਸਿਪਲ ਕੌਂਸਲ, ਦੀਨਾਨਗਰ , ਕਾਦੀਆਂ  ਅਤੇ ਗੁਰਦਾਸਪੁਰ ਵਿੱਚ ਹੋਈਆਂ ਚੋਣਾਂ ਅਤੇ ਹੁਸ਼ਿਆਰਪੁਰ ਦੇ ਸ਼ਾਮ ਚੌਰਾਸੀ  ਵਿੱਚ ਹੋਈਆਂ ਚੋਣਾਂ ਅਮਨ-ਅਮਨ ਨਾਲ ਮੁਕੰਮਲ ਹੋਈਆਂ ,ਅਤੇ ਉਹਨਾਂ ਦੇ ਨਤੀਜੇ ਐਲਾਨ ਦਿੱਤੇ ਗਏ ਨੇ । ਪੰਜਾਬ ਚੋਣ ਕਮਿਸ਼ਨ ਮੁਤਾਬਿਕ ਗੁਰਦਾਸਪੁਰ ਮਿਊਨਿਸਿਪਲ ਕੌਂਸਲ ਦੀਆਂ 29 ਸੀਟਾਂ ਵਿੱਚੋਂ 21 ਕਾਂਗਰਸ ਨੇ ਅਤੇ 7 ਆਮ ਆਦਮੀ ਪਾਰਟੀ ਅਤੇ ਇੱਕ

ਅਜ਼ਾਦ ਉਮੀਦਵਾਰ ਨੇ ਜਿੱਤੀ ਏ। ਦੀਨਾਨਗਰ ਮਿਊਨਿਸਿਪਲ ਕੌਂਸਲ ਦੀਆਂ 15 ਸੀਟਾਂ ਵਿੱਚੋਂ 7 ਕਾਂਗਰਸ, 6 ਆਮ ਆਦਮੀ ਪਾਰਟੀ ਅਤੇ ਇੱਕ BJP ਨੇ ਜਿੱਤੀ ਏ | ਇਸ ਦੇ ਵਾਰਡ ਨੰਬਰ 6 ਵਿੱਚ ਈਵੀਐਮ ਮਸ਼ੀਨ ਖਰਾਬ ਹੋਣ ਕਾਰਨ 15 ਜੂਨ ਨੂੰ ਦੁਬਾਰਾ ਵੋਟਾਂ ਪੈਣਗੀਆਂ। ਕਾਦੀਆਂ ਵਿੱਚ 15 ਸੀਟਾਂ ਵਿੱਚੋਂ 6 ਸ਼੍ਰੋਮਣੀ ਅਕਾਲੀ ਦਲ, 4 ਕਾਂਗਰਸ, 2 ਆਮ ਆਦਮੀ ਪਾਰਟੀ, ਇੱਕ BJP ਅਤੇ ਦੋ ਅਜ਼ਾਦ ਉਮੀਦਵਾਰਾਂ ਨੇ ਜਿੱਤੀਆਂ ਨੇ । ਹੋਸ਼ਿਆਰਪੁਰ ਦੇ ਸ਼ਾਮ ਚੌਰਾਸੀ ਮਿਊਨਿਸਿਪਲ ਕੌਂਸਲ ਦੀਆਂ 9 ਸੀਟਾਂ ਵਿੱਚੋਂ 6 ਆਮ ਆਦਮੀ ਪਾਰਟੀ ਨੇ, ਦੋ ਕਾਂਗਰਸ ਅਤੇ ਇੱਕ ਅਜ਼ਾਦ ਉਮੀਦਵਾਰ ਨੇ ਜਿੱਤੀ ਏ।

----------------------------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਆਪਣੇ ਦਫ਼ਤਰ ਵਿਖੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਬੰਧੀ ਇੱਕ ਵਿਸ਼ੇਸ਼ ਟ੍ਰੇਨਿੰਗ ਕੈਂਪ ਲਗਾਇਆ। ਕੈਂਪ ਦਾ ਉਦੇਸ਼ ਯੋਜਨਾ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਹਰ ਯੋਗ ਮਹਿਲਾ

ਤੱਕ ਇਸ ਦਾ ਲਾਭ ਪਹੁੰਚਾਉਣ ਲਈ ਲੋੜੀਂਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਉਣਾ ਸੀ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਅਸਲ ਮਕਸਦ ਤਦ ਹੀ ਪੂਰਾ ਹੋ ਸਕਦਾ ਹੈ ਜਦੋਂ ਉਨ੍ਹਾਂ ਦਾ ਲਾਭ ਆਖ਼ਰੀ ਯੋਗ ਵਿਅਕਤੀ ਤੱਕ ਪਹੁੰਚੇ ਅਤੇ ਇਹੀ ਸਰਕਾਰ ਦਾ ਸੰਕਲਪ ਏ।

---------------------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 7 ਸਾਬਕਾ ਕੈਡੇਟ ਅੱਜ ਭਾਰਤੀ ਫ਼ੌਜ ਅਤੇ ਭਾਰਤੀ ਹਵਾਈ ਸੈਨਾ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਸ਼ਾਮਲ ਹੋਏ ਨੇ। ਆਈ.ਐਮ.ਏ. ਦੇਹਰਾਦੂਨ ਵਿਖੇ 158ਵੇਂ ਰੈਗੂਲਰ ਕੋਰਸ ਪਾਸਿੰਗ ਆਊਟ ਪਰੇਡ ਵਿੱਚ ਚਾਰ ਐਮ.ਆਰ.ਐਸ.ਐਫ.ਪੀ.ਆਈ. ਕੈਡੇਟਾਂ ਨੂੰ ਫ਼ੌਜ ਵਿੱਚ ਕਮਿਸ਼ਨ ਮਿਲਿਆ ਏ, ਜਿਸਦੀ ਸਮੀਖਿਆ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਕੀਤੀ ਗਈ ਏ। ਨਵੇਂ ਫ਼ੌਜ ਅਧਿਕਾਰੀਆਂ ਵਿੱਚ ਹੁਸ਼ਿਆਰਪੁਰ ਤੋਂ ਪਰਮਜੋਤ ਸਿੰਘ ਸ਼ਾਮਲ ਨੇ। ਇਸੇ ਤਰ੍ਹਾਂ ਮੋਹਾਲੀ ਤੋਂ ਅਭੈ ਸਿੰਘ ਰਾਘਵ ਫੌਜ ਅਧਿਕਾਰੀ ਬਣੇ ਨੇ । ਹੁਸ਼ਿਆਰਪੁਰ ਤੋਂ ਅਨਿਕੇਤ

ਕਹੋਲ ਹਵਾਈ ਸੇਵਾਵਾਂ ਵਿੱਚ ਅਧਿਕਾਰੀ ਵਜੋਂ ਸ਼ਾਮਲ ਹੋਏ ਨੇ ਅਤੇ ਪਠਾਨਕੋਟ ਤੋਂ ਅਨੁਰਾਗ ਚੌਹਾਨ ਫ਼ੌਜ ਅਧਿਕਾਰੀ ਬਣੇ ਨੇ। ਇਸ ਦੇ ਨਾਲ ਹੀ ਤਿੰਨ ਕੈਡੇਟ ਹੈਦਰਾਬਾਦ ਦੇ ਡੰਡੀਗਲ ਵਿੱਚ ਏਅਰ ਫੋਰਸ ਅਕੈਡਮੀ ਦੇ 217ਵੇਂ ਕੋਰਸ ਕੰਬਾਈਨਡ ਗ੍ਰੈਜੂਏਸ਼ਨ ਪਰੇਡ ਵਿੱਚ ਫਲਾਇੰਗ ਅਫ਼ਸਰ ਬਣੇ ਨੇ। ਪਰੇਡ ਦਾ ਨਿਰੀਖਣ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤਾ ਐ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇਨ੍ਹਾਂ ਸਾਰੇ ਕੈਡਿਟਾਂ ਨੂੰ ਕਮਿਸ਼ਨਡ ਮਿਲਣ ਲਈ ਵਧਾਈ ਦਿੱਤੀ ਏ।

---------------------------------------------------------------------------

ਪੰਜਾਬ ਪੁਲਿਸ ਵੱਲੋਂ ਫਿੱਕੀ ਕੈਸਕੇਡ ਦੇ ਸਹਿਯੋਗ ਨਾਲ ਪੁਲਿਸ ਅਧਿਕਾਰੀਆਂ ਲਈ ਅੱਧੇ ਦਿਨ ਦਾ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਵਾਇਆ ਗਿਆ ਏ। ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਫਿਲੌਰ ਵਿਖੇ ਕਰਵਾਏ ਗਏ ਇਸ ਸਿਖਲਾਈ ਸੈਮੀਨਾਰ ਵਿੱਚ ਸੂਬੇ ਭਰ ਦੇ 60 ਪੁਲਿਸ ਅਧਿਕਾਰੀਆਂ ਨੇ ਹਿੱਸਾ ਲਿਆ। ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ  ਅਮਰਦੀਪ ਸਿੰਘ ਰਾਏ ਨੇ

ਦੱਸਿਆ ਕਿ ਨਕਲੀ ਸਮਾਨ ਦਾ ਵਪਾਰ ਅਤੇ ਤਸਕਰੀ ਨਾ ਸਿਰਫ ਜਾਇਜ਼ ਕਾਰੋਬਾਰਾਂ ਅਤੇ ਸਰਕਾਰੀ ਮਾਲੀਏ ਨੂੰ ਨੁਕਸਾਨ ਪਹੁੰਚਾਉਂਦੀ ਏ ਬਲਕਿ ਖਪਤਕਾਰਾਂ ਦੀ ਸੁਰੱਖਿਆ ਅਤੇ ਗੈਰ-ਕਾਨੂੰਨੀ ਨੈਟਵਰਕ ਨੂੰ ਵੀ ਵਧਾਉਂਦੀ ਏ।

------------------------------------------------------------------------